# ਪੰਜਾਬ ਰਾਜ ਮਹਿਲਾ ਕਮਿਸ਼ਨ

ਐਸ.ਸੀ.ਓ. ਨੰ.5, ਪਹਿਲੀ ਮੰਜਿਲ, (ਸਾਹਮਣੇ ਇੰਡਸ ਹਸਪਤਾਲ), ਫੇਜ਼-1, ਐਸ.ਏ.ਐਸ.ਨਗਰ।
ਫੋਨ ਨੰ: 0172-2222607, 0172-2223607
Email : pswc.pb@punjab.gov.in and punjabwomencommission@gmail.com

**ਤੁਰੰਤ**

ਸੇਵਾ ਵਿਖੇ,

1 ਡਾਇਰੈਕਟਰ ਜਨਰਲ ਆਫ ਪੁਲਿਸ,
ਪੰਜਾਬ ਪੁਲਿਸ ਹੈੱਡ ਕੁਆਟਰ,
ਸੈਕਟਰ-9, ਚੰਡੀਗੜ੍ਹ।

2. ਡਾਇਰੈਕਟਰ ਬਿਊਰੋ ਆਫ ਇਨਵੈਸਟੀਗੇਸ਼ਨ,
ਪੰਜਾਬ ਪੁਲਿਸ ਹੈੱਡ ਕੁਆਟਰ,
ਸੈਕਟਰ-9, ਚੰਡੀਗੜ੍ਹ।

ਮੀਮੋ ਨੰ:ਪ.ਰ.ਮ.ਕ./2025/6347-48
ਮਿਤੀ : 07.08.2025

ਵਿਸ਼ਾ : **ਸੋਸ਼ਲ ਮੀਡੀਆ ਤੇ ਚੱਲ ਰਹੇ ਸਿੰਗਰ ਯੋ ਯੋ ਹਨੀ ਸਿੰਘ ਵੱਲੋਂ ਗਾਏ ਗਾਣੇ MILLIONAIRE ਵਿੱਚ ਔਰਤਾਂ ਪ੍ਰਤੀ ਵਰਤੀ ਗਈ ਇਤਰਾਜਯੋਗ ਸ਼ਬਦਾਵਲੀ ਦਾ ਨੋਟਿਸ ਲੈਣ ਸਬੰਧੀ।**

********

ਪੰਜਾਬ ਰਾਜ ਮਹਿਲਾ ਕਮਿਸ਼ਨ "ਪੰਜਾਬ ਰਾਜ ਮਹਿਲਾ ਕਮਿਸ਼ਨ ਐਕਟ, 2001" ਦੀ ਧਾਰਾ 12 ਅਧੀਨ ਆਪਣੀਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਔਰਤਾਂ ਦੇ ਅਧਿਕਾਰਾਂ, ਸਨਮਾਨ ਅਤੇ ਸੁਰੱਖਿਆ ਦੀ ਉਲੰਘਣਾ ਨਾਲ ਸਬੰਧਤ ਮਾਮਲਿਆ ਤੇ ਸੋ-ਮੋਟੋ ਨੋਟਿਸ ਲੈ ਸਕਦਾ ਹੈ। ਕਮਿਸ਼ਨ ਵੱਲੋਂ ਅਜਿਹੇ ਮਾਮਲਿਆਂ ਨੂੰ ਬੜੀ ਹੀ ਗੰਭੀਰਤਾ ਨਾਲ ਵਿਚਾਰਿਆ ਜਾਂਦਾ ਹੈ ਅਤੇ ਕਮਿਸ਼ਨ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਪੰਜਾਬ ਵਿੱਚ ਔਰਤਾਂ ਦੇ ਅਧਿਕਾਰ, ਮਾਣ ਅਤੇ ਰੁਤਬੇ ਦੀ ਸੁਰੱਖਿਆ ਹੋਵੇ।

ਵਿਸ਼ਾ ਅੰਕਿਤ ਮਾਮਲੇ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਕਮਿਸ਼ਨ ਦੇ ਧਿਆਨ ਵਿੱਚ ਆਇਆ **ਹੈ ਕਿ ਸੋਸ਼ਲ ਮੀਡੀਆ ਤੇ ਸਿੰਗਰ ਯੋ ਯੋ ਹਨੀ ਸਿੰਘ ਵੱਲੋਂ ਗਾਇਆ ਗਾਣਾ MILLIONAIRE ਚੱਲ ਰਿਹਾ ਹੈ, ਜਿਸ ਵਿੱਚ ਉਸ ਵੱਲੋਂ ਔਰਤਾਂ ਪ੍ਰਤੀ ਬਹੁੱਤ ਹੀ ਇਤਰਾਜਯੋਗ ਸ਼ਬਦਾਵਲੀ ਵਰਤੀ ਗਈ ਹੈ।**

ਇਸ ਗਾਣੇ ਵਿੱਚ ਔਰਤਾਂ ਪ੍ਰਤੀ ਵਰਤੀ ਗਈ ਸ਼ਬਦਾਵਲੀ ਸਬੰਧੀ ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ "ਔਰਤਾਂ ਲਈ ਪੰਜਾਬ ਰਾਜ ਕਮਿਸ਼ਨ ਐਕਟ, 2001" ਤਹਿਤ ਸੋ-ਮੋਟੋ ਨੋਟਿਸ ਲੈਂਦੇ ਹੋਏ ਆਪ ਨੂੰ ਲਿਖਿਆ ਜਾਂਦਾ ਹੈ ਕਿ ਇਸ ਸਬੰਧੀ ਤੁਰੰਤ ਪੰਜਾਬ ਪੁਲਿਸ ਹੈੱਡ ਕੁਆਟਰ, ਚੰਡੀਗੜ੍ਹ ਦੇ ਕਿਸੇ ਸੀਨੀਅਰ ਅਧਿਕਾਰੀ ਤੋਂ ਕਾਨੂੰਨ ਅਨੁਸਾਰ ਬਣਦੀ ਪੜਤਾਲ/ਕਾਰਵਾਈ ਕਰਵਾਈ ਜਾਵੇ ਅਤੇ **ਪੜਤਾਲੀਆ ਅਫਸਰ ਨੂੰ ਹਦਾਇਤ ਕੀਤੀ ਜਾਵੇ ਕਿ ਕੀਤੀ ਗਈ ਕਾਰਵਾਈ ਸਬੰਧੀ ਸਟੇਟਸ ਰਿਪੋਰਟ ਅਤੇ ਸਬੰਧਤ ਸਿੰਗਰ ਯੋ ਯੋ ਹਨੀ ਸਿੰਘ ਨੂੰ ਲੈ ਕੇ ਮਿਤੀ 11.08.2025 ਨੂੰ ਸਵੇਰੇ 11.30 ਵਜੇ ਕਮਿਸ਼ਨ ਦਫਤਰ ਵਿਖੇ ਹਾਜਰ ਹੋਣਾ ਯਕੀਨੀ ਬਣਾਇਆ ਜਾਵੇ** ਜੀ।

https://youtu.be/XO8wew38VM8?si=ZMSPXvOxTCoqZdkw

ਨੱਥੀ : ਗਾਣੇ ਦਾ ਲਿੰਕ।

ਚੇਅਰਪਰਸਨ,
ਪੰਜਾਬ ਰਾਜ ਮਹਿਲਾ ਕਮਿਸ਼ਨ।